# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times 18 ਮਈ 2026 ਦਿਨ ਸੋਮਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼

## ਲੋਕ ਕਵੀ ਗੁਰਦਾਸ ਰਾਮ ਆਲਮ ਸਾਹਿਤ ਸਭਾ ਕੈਨੇਡਾ ਵੱਲੋਂ ਸਰੀ ਵਿਚ ਸਾਹਿਤਕ ਸਮਾਗਮ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 18 ਮਈ : 'ਲੋਕ ਕਵੀ ਗੁਰਦਾਸ ਰਾਮ ਆਲਮ ਸਾਹਿਤ ਸਭਾ ਕੈਨੇਡਾ' ਵੱਲੋਂ ਹਰਮਨ ਪਿਆਰੇ ਮਹਾਨ ਕਵੀ ਗੁਰਦਾਸ ਰਾਮ ਆਲਮ ਦੀ ਯਾਦ ਨੂੰ ਸਮਰਪਿਤ 12ਵਾਂ ਸਾਹਿਤਕ ਸਮਾਗਮ ਬੀਤੇ ਦਿਨੀਂ ਸੈਂਟਰਲ ਲਾਇਬ੍ਰੇਰੀ, ਸਰੀ ਵਿਖੇ ਕਰਵਾਇਆ ਗਿਆ। ਇਸ ਸਾਹਿਤਕ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਲੇਖਕਾਂ, ਕਵੀਆਂ ਅਤੇ ਸਾਹਿਤ ਪ੍ਰੇਮੀਆਂ ਨੇ ਹਾਜ਼ਰੀ ਭਰੀ।



ਸਮਾਗਮ ਦੇ ਪਹਿਲੇ ਪੜਾਅ ਦੀ ਸ਼ੁਰੂਆਤ ਕਵੀ ਦਰਬਾਰ ਨਾਲ ਹੋਈ, ਜਿਸ ਵਿੱਚ ਨਾਮਵਰ ਮਨਜੀਤ ਮੱਲ੍ਹਾ, ਬਲਰਾਜ ਬਾਸੀ, ਗੁਰਮੀਤ ਸਿੰਘ ਕਾਲਕਟ ਅਤੇ ਸਿਮਰਨ ਕ੍ਰਾਂਤੀ ਨੇ ਲੋਕ ਕਵੀ ਗੁਰਦਾਸ ਰਾਮ ਆਲਮ ਦੀਆਂ ਚੋਣਵੀਆਂ ਅਤੇ ਪ੍ਰਭਾਵਸ਼ਾਲੀ ਕਵਿਤਾਵਾਂ ਨੂੰ ਤਰੰਨਮ ਅਤੇ ਸੁਚੱਜੇ ਢੰਗ ਨਾਲ ਪੇਸ਼ ਕਰਕੇ ਮਾਹੌਲ ਨੂੰ ਸਾਹਿਤਕ ਰੰਗ ਵਿੱਚ ਰੰਗ ਦਿੱਤਾ।

ਸਮਾਗਮ ਦੇ ਦੂਜੇ ਪੜਾਅ ਵਿੱਚ "ਕਿਰਤ ਦੀ ਕਦਰ" ਵਿਸ਼ੇ ਉੱਪਰ ਇੱਕ ਵਿਸ਼ੇਸ਼ ਵਿਚਾਰ ਚਰਚਾ ਕਰਵਾਈ ਗਈ। ਇਸ ਚਰਚਾ ਦਾ ਆਗਾਜ਼ ਪ੍ਰਿੰਸੀਪਲ ਮਲੂਕ ਚੰਦ ਕਲੇਰ ਵੱਲੋਂ "ਕਿਰਤ ਦੀ ਕਦਰ" ਵਿਸ਼ੇ 'ਤੇ ਪੜ੍ਹੇ ਗਏ ਖੋਜ ਪੱਤਰ ਨਾਲ ਹੋਇਆ। ਉਪਰੰਤ ਵਿਸ਼ੇ 'ਤੇ ਗੰਭੀਰ ਚਰਚਾ ਕਰਦਿਆਂ ਡਾ. ਗੁਰਵਿੰਦਰ ਸਿੰਘ (ਪ੍ਰਧਾਨ ਪੰਜਾਬੀ ਪ੍ਰੈੱਸ ਕਲੱਬ ਬੀ.ਸੀ)., ਰਾਜਿੰਦਰ ਸਿੰਘ ਪੰਧੇਰ, ਕੁਲਵੰਤ ਸਿੰਘ ਧਾਲੀਵਾਲ, ਰਮਨੀ ਕਲੇਰ, ਪ੍ਰੋ. ਦਵਿੰਦਰ ਸਿੰਘ ਸੁੰਨੜ, ਕੈ. ਜੀਤ ਮਹਿਰਾ, ਕੁਲਵਿੰਦਰ ਸਿੰਘ ਕੁਲਾਰ ਅਤੇ ਮਨਮੋਹਨ ਸਿੰਘ ਸਮਰਾ ਨੇ ਆਪਣੇ ਵਡਮੁੱਲੇ ਵਿਚਾਰ ਸਾਂਝੇ ਕੀਤੇ ਅਤੇ ਕਿਰਤ ਦੀ ਅਹਿਮੀਅਤ 'ਤੇ ਰੌਸ਼ਨੀ ਪਾਈ।

ਸਮਾਗਮ ਵਿਚ ਹੋਰਨਾਂ ਤਸਂ ਇਲਾਵਾ ਰੂਪ ਲਾਲ ਗੱਡੂ, ਰਾਜ ਪੰਧੇਰ, ਮਨਦੀਪ ਕਲੇਰ, ਹਰਜੀਤ ਕੌਰ ਕਲੇਰ, ਜੈਸਿਕਾ, ਯੁਵਰਾਜ, ਤਰਸੇਮ ਸਿੰਘ, ਕੁਲਵੰਤ ਸਿੰਘ ਸੌਂਧੀ, ਅਵਤਾਰ ਸਿੰਘ ਢਿੱਲੋਂ, ਨਰਿੰਦਰ ਬਾਹੀਆ, ਸਰਬਜੀਤ ਸਿੰਘ ਬਾਸੀ, ਜਸਵੀਰ ਸਿੰਘ ਭਲੂਰੀਆ, ਅਮਨਦੀਪ ਸਿੰਘ, ਤੇਜਬੀਰ ਚੌਹਾਨ, ਦਲਜੀਤ ਸਿੰਘ, ਨਿਰੰਜਨ ਸਿੰਘ ਲਹਿਲ, ਤੇਜਬੀਰ ਟਾਕਸ ਅਤੇ ਪ੍ਰੋ. ਸੁਸ਼ੀਲ ਸ਼ਾਮਿਲ ਸਨ। ਮੰਚ ਦਾ ਸਫਲ ਸੰਚਾਲਨ ਸਭਾ ਦੇ ਸੰਸਥਾਪਕ ਪ੍ਰਿੰਸੀਪਲ ਮਲੂਕ ਚੰਦ ਕਲੇਰ ਵੱਲੋਂ ਕੀਤਾ ਗਿਆ, ਜਿਨ੍ਹਾਂ ਨੇ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ।

## ਭਾਈ ਰਣਜੀਤ ਸਿੰਘ ਜੀ ਨੂੰ ਸੇਵਾਮੁਕਤ ਹੋਣ 'ਤੇ ਕੀਤਾ ਗਿਆ ਸਨਮਾਨਿਤ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 18 ਮਈ : ਨੇੜਲੇ ਪਿੰਡ ਦੇ ਗੁਰਦੁਆਰਾ ਬਾਬਾ ਭਾਈ ਸਾਈ ਦਾਸ ਜੀ ਪਿੰਡ ਹਰੀ ਨੌਂ ਦੇ ਗੁਰੂਘਰ ਦੇ ਵਜੀਰ ਭਾਈ ਰਣਜੀਤ ਸਿੰਘ ਜੀ ਸਪੁੱਤਰ ਸ੍ਰ ਬਲਵਿੰਦਰ ਸਿੰਘ ਵਾਸੀ ਕੋਟਕਪੂਰਾ ਮਿਤੀ 16 ਮਈ ਦਿਨ ਸ਼ਨੀਵਾਰ 2026 ਨੂੰ ਆਪਣੀ ਡਿਊਟੀ ਤੋ ਮੁਕਤ ਹੋਏ ਹਨ ਬਹੁਤ ਵਧੀਆ ਗ੍ਰੰਥੀ ਸਿੰਘ, ਕੀਰਤਨੀਏ, ਕਥਾਵਾਚਕ ਆਪਣੀ ਡਿਊਟੀ ਪਰਪੱਕ ਸਨ। ਕੋਈ ਵਿਵਾਦ ਨਹੀ ਹੈ ਸੰਗਤ ਨਾਲ ਭਾਈਚਾਰਾ ਬਣਾਕੇ ਰੱਖਿਆ ਸੀ। ਪਿੰਡ ਪੰਚਾਇਤ ਤੇ ਤਿੰਨ ਕਮੇਟੀਆ ਵੱਲੋ ਬਾਬਾ ਜੀ ਤੇ ਉਹਨਾ ਦੇ ਪਰਿਵਾਰ ਨੂੰ ਮਾਣ ਸਨਮਾਨ ਨਾਲ ਗੁਰਦੁਆਰਾ ਪ੍ਰਬੰਧਕ ਦੇ ਪ੍ਰਧਾਨ ਕੁਲਦੀਪ ਸਿੰਘ ਸਿੱਧੂ, ਮੈਂਬਰ ਇਕੱਤਰ ਸਿੰਘ ਸਿੱਧੂ, ਉਧਮ ਸਿੰਘ ਸਿੱਧੂ, ਲਛਮਨ ਸਿੰਘ ਗਿੱਲ, ਭਾਈ ਲਖਵੀਰ ਸਿੰਘ ਗ੍ਰੰਥੀ, ਸਾਬਕਾ ਪ੍ਰਧਾਨ ਗੁਰਤੇਜ ਸਿੰਘ, ਕੌਰ ਸਿੰਘ ਸਾਬਕਾ ਪ੍ਰਧਾਨ, ਸੁਖਦੇਵ ਸਿੰਘ ਸਿੱਧੂ ਨੇ ਸਿਰਪਾਓ ਅਤੇ ਸਨਮਾਨ ਚਿੰਨ੍ਹ ਦੇ ਕੇ ਨਿਵਾਜਿਆ। ਪਿੰਡ ਦੀਆਂ ਸੰਗਤਾਂ ਵੱਡੀ ਗਿਣਤੀ 'ਚ ਹਾਜ਼ਰ ਹੋਈਆਂ ਬਾਬਾ ਜੀ ਨੂੰ ਵਿਦਾਇਗੀ ਦਿੱਤੀ। ਜਿਸ ਵਿੱਚ ਭਾਈ ਮਲਕੀਤ ਸਿੰਘ ਖਾਲਸਾ, ਮਾਂ:ਬਲੌਰ ਸਿੰਘ ਸਿੱਧੂ, ਮਾ: ਤਾਰਾ ਸਿੰਘ, ਮਾਂ: ਗੇਜ ਰਾਮ ਭੌਰਾ, ਸੇਵਕ ਸਿੰਘ ਬਰਾੜ, ਮਨਜੀਤ ਸਿੰਘ ਸਿੱਧੂ, ਗੁਰਮੀਤ ਸਿੰਘ, ਚਰਨਜੀਤ ਸਿੰਘ ਖਾਲਸਾ, ਕਾਲਾ ਸਿੰਘ ਸੇਵਾਦਾਰ, ਬੋਹੜ ਸਿੰਘ ਸੇਵਾਦਾਰ ਸਮੇਤ ਹੋਰ ਸਮੂਹ ਨਗਰ ਨਿਵਾਸੀ ਤੇ ਸੰਗਤਾਂ ਨੇ ਭਾਈ ਰਣਜੀਤ ਸਿੰਘ ਹੈੱਡ ਗ੍ਰੰਥੀ ਦਾ ਸਨਮਾਨ ਕੀਤਾ। ਅੰਤ ਵਿਚ ਕੁਲਦੀਪ ਸਿੰਘ ਪ੍ਰਧਾਨ ਅਤੇ ਰਣਜੀਤ ਸਿੰਘ ਗ੍ਰੰਥੀ ਵੱਲੋਂ ਸਾਰੀਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ।

## ਪੀ.ਏ.ਯੂ. ਨੇ ਮੈਟ ਟਾਈਪ ਨਰਸਰੀ ਸੀਡਰ ਤਕਨੀਕ ਦੇ ਪਸਾਰ ਲਈ ਲੁਧਿਆਣੇ ਦੀ ਕੰਪਨੀ ਨਾਲ ਸਮਝੌਤਾ ਕੀਤਾ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 18 ਮਈ : ਪੀ.ਏ.ਯੂ. ਅਤੇ ਲੁਧਿਆਣਾ ਸਥਿਤ ਇਕ ਫਰਮ ਕਿੰਗ ਇੰਟਰਨੈਸ਼ਨਲ ਕਨੇਚ ਨੇ ਅੱਜ ਮੈਟ ਟਾਈਪ ਨਰਸਰੀ ਸੀਡਰ ਤਕਨੀਕ ਦੇ ਵਪਾਰੀਕਰਨ ਲਈ ਸਮਝੌਤੇ ਉੱਪਰ ਸਹੀ ਪਾਈ| ਪੀ.ਏ.ਯੂ. ਦੇ ਨਿਰਦੇਸ਼ਕ ਖੋਜ ਡਾ. ਅਜਮੇਰ ਸਿੰਘ ਢੱਟ ਅਤੇ ਕਿੰਗ ਇੰਟਰਨੈਸ਼ਨਲ ਵੱਲੋਂ ਸ਼੍ਰੀ ਅਜੈਵਿੰਦਰ ਸਿੰਘ ਸਮਝੌਤੇ ਦੀਆਂ ਸ਼ਰਤਾਂ ਉੱਪਰ ਹਸਤਾਖਰ ਲਈ ਮੌਜੂਦ ਸਨ| ਖੇਤੀ ਇੰਜਨੀਅਰਿੰਗ ਬਾਰੇ ਵਧੀਕ ਨਿਰਦੇਸ਼ਕ ਖੋਜ ਡਾ. ਮਹੇਸ਼ ਕੁਮਾਰ ਅਤੇ ਇੰਜਨੀਅਰਿੰਗ ਕਾਲਜ ਦੇ ਡੀਨ ਡਾ. ਮਨਜੀਤ ਸਿੰਘ ਤੋਂ ਇਲਾਵਾ ਪੀ.ਏ.ਯੂ. ਦੇ ਮਸ਼ੀਨਰੀ ਮਾਹਿਰ ਡਾ. ਮਹੇਸ਼ ਨਾਰੰਗ ਅਤੇ ਤਕਨਾਲੋਜੀ ਵਪਾਰੀਕਰਨ ਸੈੱਲ ਦੇ ਸਹਿਯੋਗੀ ਨਿਰਦੇਸ਼ਕ ਡਾ. ਖੁਸ਼ਦੀਪ ਧਰਨੀ ਵੀ ਇਸ ਸਮੇਂ ਹਾਜ਼ਰ ਰਹੇ| ਡਾ. ਅਜਮੇਰ ਸਿੰਘ ਢੱਟ ਨੇ ਇਸ ਤਕਨਾਲੋਜੀ ਦੀ ਖੋਜ ਲਈ ਜ਼ਿੰਮੇਵਾਰ ਟੀਮ ਨੂੰ ਇਸ ਸਮਝੌਤੇ ਦੀ ਵਧਾਈ ਦਿੱਤੀ|

ਡਾ. ਨਾਰੰਗ ਨੇ ਇਸ ਤਕਨੀਕ ਬਾਰੇ ਦੱਸਦਿਆਂ ਕਿਹਾ ਕਿ ਇਹ ਮਸ਼ੀਨ ਮੈਟ ਟਾਈਪ ਝੋਨੇ ਦੀ ਪਨੀਰੀ ਨੂੰ ਪ੍ਰਤੀ ਸਾਲ 150 ਤੋਂ 180 ਖੇਤਾਂ ਵਿਚ ਲਾ ਸਕਦਾ ਹੈ| ਰਵਾਇਤੀ ਹੱਥੀਂ ਤਰੀਕੇ ਦੇ ਮੁਕਾਬਲੇ ਇਸ ਨਾਲ 64-67 ਫੀਸਦੀ ਲਾਗਤ ਦੀ ਬੱਚਤ ਹੁੰਦੀ ਹੈ ਅਤੇ 92-94 ਪ੍ਰਤੀਸ਼ਤ ਤੱਕ ਮਜ਼ਦੂਰੀ ਬੱਚਦੀ ਹੈ| ਮਸ਼ੀਨ ਦੀ ਵਰਤੋਂ ਕਰਕੇ ਸਮੇਂ ਸਿਰ ਪਨੀਰੀ ਨੂੰ ਖੇਤ ਵਿਚ ਲਾਇਆ ਜਾ ਸਕਦਾ ਹੈ| ਰਵਾਇਤੀ ਤਰੀਕੇ ਦੀ ਪਨੀਰੀ ਬਿਨਾਂ ਪੋਲੀਥੀਨ ਸ਼ੀਟ ਤੋਂ ਖੇਤ ਵਿਚ ਲਾਉਣੀ ਹੋਵੇ ਤਾਂ ਵੀ ਇਸ ਮਸ਼ੀਨ ਦੀ ਵਰਤੋਂ ਕੀਤੀ ਜਾ ਸਕਦੀ ਹੈ|

ਡਾ. ਖੁਸ਼ਦੀਪ ਧਰਨੀ ਨੇ ਸਮਝੌਤੇ ਨਾਲ ਜੁੜੀਆਂ ਤਮਾਮ ਸਖਸ਼ੀਅਤਾਂ ਨੂੰ ਵਧਾਈ ਦਿੱਤੀ|

## ਤੰਬਾਕੂ ਵਿਰੋਧੀ ਮੁਹਿੰਮ ਦੌਰਾਨ 10 ਚਲਾਨ ਕੱਟੇ, 1200 ਰੁਪਏ ਜੁਰਮਾਨਾ ਵਸੂਲ

ਵਰਲਡ ਪੰਜਾਬੀ ਟਾਈਮਜ਼



ਪਟਿਆਲਾ 18 ਮਈ : ਰਾਸ਼ਟਰੀ ਤੰਬਾਕੂ ਨਿਯੰਤਰਣ ਪ੍ਰੋਗਰਾਮ (ਐਨ ਟੀ ਸੀ ਪੀ ) ਅਧੀਨ ਸਿਹਤ ਵਿਭਾਗ ਪਟਿਆਲਾ ਵੱਲੋਂ ਤੰਬਾਕੂ ਵਿਰੋਧੀ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਸਰਕਾਰੀ ਮੈਡੀਕਲ ਕਾਲਜ ਪਟਿਆਲਾ, ਰਾਜਿੰਦਰਾ ਹਸਪਤਾਲ ਅਤੇ ਮਾਤਾ ਸਾਹਿਬ ਕੌਰ ਕਾਲਜ ਦੇ ਆਲੇ-ਦੁਆਲੇ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ। ਇਸ ਦੌਰਾਨ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਕਰਦਿਆਂ ਕੁੱਲ 10 ਚਲਾਨ ਕੱਟੇ ਗਏ ਅਤੇ 1200 ਰੁਪਏ ਜੁਰਮਾਨਾ ਵਸੂਲ ਕੀਤਾ ਗਿਆ।

ਇਸ ਕਾਰਵਾਈ ਦੀ ਅਗਵਾਈ ਏ ਐੱਚ ਓ ਡਾ. ਇੰਦਰਪ੍ਰੀਤ ਰੰਧਾਵਾ ਵੱਲੋਂ ਕੀਤੀ ਗਈ। ਉਨ੍ਹਾਂ ਨਾਲ ਟੀਮ ਮੈਂਬਰ ਪਰਮਜੀਤ ਅਤੇ ਖੁਸ਼ਵੀਰ ਵੀ ਮੌਜੂਦ ਸਨ। ਡਾ. ਰੰਧਾਵਾ ਨੇ ਦੱਸਿਆ ਕਿ ਜਨਤਕ ਥਾਵਾਂ 'ਤੇ ਤੰਬਾਕੂ ਉਤਪਾਦਾਂ ਦੀ ਵਰਤੋਂ ਨਾ ਸਿਰਫ਼ ਕਾਨੂੰਨੀ ਉਲੰਘਣਾ ਹੈ, ਸਗੋਂ ਲੋਕਾਂ ਦੀ ਸਿਹਤ ਲਈ ਵੀ ਗੰਭੀਰ ਖ਼ਤਰਾ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਤੰਬਾਕੂ ਦੀ ਲਤ ਤੋਂ ਬਚਾਉਣ ਲਈ ਅਜਿਹੀਆਂ ਚੈਕਿੰਗ ਮੁਹਿੰਮਾਂ ਲਗਾਤਾਰ ਜਾਰੀ ਰਹਿਣਗੀਆਂ।

ਏ ਐੱਚ ਓ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਤੰਬਾਕੂ ਰਹਿਤ ਸਮਾਜ ਦੀ ਸਿਰਜਣਾ ਲਈ ਸਹਿਯੋਗ ਕੀਤਾ ਜਾਵੇ ਅਤੇ ਨਿਯਮਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ।

## ਲੁਧਿਆਣਾ ਵਿੱਚ ਵੋਟਰ ਸੂਚੀ ਦੀ ਸਪੈਸ਼ਲ ਇਨਟੇਨਸਿਵ ਸੁਧਾਈ (ਐਸ.ਆਈ.ਆਰ) 15 ਜੂਨ ਤੋਂ ਸ਼ੁਰੂ ਹੋਵੇਗੀ – ਵਧੀਕ ਜ਼ਿਲ੍ਹਾ ਚੋਣ ਅਫ਼ਸਰ

### ਵੋਟਰ ਸੂਚੀ ਦੀ ਸੁਧਾਈ ਲਈ ਲੋਕਾਂ ਨੂੰ ਬੀ ਐਲ ਓ ਨਾਲ ਸਹਿਯੋਗ ਕਰਨ ਦੀ ਕੀਤੀ ਅਪੀਲ

### ਹੁਣ www.eci.gov.in, www.ceopunjab.nic.in ਅਤੇ ECI Net App ਰਾਹੀਂ ਵੋਟਰ ਆਪਣੀ ਵੋਟ ਬਾਰੇ ਲੈ ਸਕਦੇ ਹਨ ਜਾਣਕਾਰੀ

### ਸਿਆਸੀ ਪਾਰਟੀਆਂ ਨੂੰ ਜਲਦ ਬੀ ਐਲ ਏ ਨਿਯੁਕਤ ਕਰਨ ਦੇ ਵੀ ਦਿੱਤੇ ਨਿਰਦੇਸ਼

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ, 18 ਮਈ:ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਲੁਧਿਆਣਾ ਪੂਨਮ ਸਿੰਘ ਨੇ ਸੋਮਵਾਰ ਨੂੰ ਜ਼ਿਲ੍ਹਾ ਲੁਧਿਆਣਾ ਵਿੱਚ ਹੋਣ ਵਾਲੀ ਵੋਟਰ ਸੂਚੀ ਦੀ ਸਪੈਸ਼ਲ ਇਨਟੇਨਸਿਵ ਸੁਧਾਈ (ਐਸ.ਆਈ.ਆਰ) ਸੰਬੰਧੀ ਬੱਚਤ ਭਵਨ ਲੁਧਿਆਣਾ ਵਿਖੇ ਜ਼ਿਲ੍ਹਾ ਲੁਧਿਆਣਾ ਦੀਆਂ ਸਮੂਹ ਰਜਿਸਟਰਡ ਮਾਨਤਾ ਪ੍ਰਾਪਤ ਰਾਜਨੀਤਕ ਪਾਰਟੀਆਂ ਅਤੇ ਰਜਿਸਟਰਡ ਗੈਰ ਮਾਨਤਾ ਪ੍ਰਾਪਤ ਰਾਜਨੀਤਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਅਤੇ ਪ੍ਰੈਸ ਕਾਨਫਰੰਸ ਕਰਕੇ ਅਹਿਮ ਜਾਣਕਾਰੀ ਦਿੱਤੀ।

ਵਧੀਕ ਜਿਲਾ ਚੋਣ ਅਫਸਰ ਪੂਨਮ ਸਿੰਘ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਨਵੀ ਦਿੱਲੀ ਵੱਲੋਂ ਸਪੈਸ਼ਲ ਇਨਟੇਨਸਿਵ ਸੁਧਾਈ (ਐਸ.ਆਈ.ਆਰ) ਸਬੰਧੀ ਨੋਟੀਫਿਕੇਸ਼ਨ 14 ਮਈ 2026 ਨੂੰ ਜਾਰੀ ਕੀਤਾ ਗਿਆ ਹੈ। ਜ਼ਿਲ੍ਹਾ ਲੁਧਿਆਣਾ ਵਿੱਚ ਹੁਣ ਤੱਕ 26,95,307 ਵੋਟਰ ਦਰਜ ਹਨ, ਜਿਨ੍ਹਾਂ ਵਿੱਚੋਂ 19,79,041 ਦੀ ਵੋਟਰ ਮੈਪਿੰਗ ਬੂਥ ਲੈਵਲ ਅਫ਼ਸਰਾਂ (ਬੀ.ਐਲਓਜ਼) ਵੱਲੋਂ ਕੀਤੀ ਜਾ ਚੁੱਕੀ ਹੈ ਜੋ ਕਿ ਵੋਟਰ ਸੂਚੀ ਦਾ 73.43 ਪ੍ਰਤੀਸ਼ਤ ਹੈ। ਜ਼ਿਲ੍ਹਾ ਲੁਧਿਆਣਾ ਦੇ 14 ਵਿਧਾਨ ਸਭਾ ਚੋਣ ਹਲਕਿਆਂ ਵਿੱਚ 2927 ਪੋਲਿੰਗ ਬੂਥ ਸਥਾਪਤ ਹਨ।

ਵਧੀਕ ਜ਼ਿਲ੍ਹਾ ਚੋਣ ਅਫ਼ਸਰ ਪੂਨਮ ਸਿੰਘ ਨੇ ਅੱਗੇ ਦੱਸਿਆ ਕਿ ਪੰਜਾਬ ਰਾਜ ਵਿੱਚ ਐਸ.ਆਈ.ਆਰ ਦਾ ਕੰਮ 15 ਜੂਨ 2026 ਤੋਂ ਸ਼ੁਰੂ ਕੀਤਾ ਜਾਣਾ ਹੈ। ਪੰਜਾਬ ਰਾਜ ਵਿੱਚ ਵੋਟਰ ਸੂਚੀ ਦੀ ਯੋਗਤਾ 1 ਅਕਤੂਬਰ, 2026 ਨਿਰਧਾਰਤ ਕੀਤੀ ਗਈ ਹੈ। ਜਿਸ ਅਨੁਸਾਰ 15 ਜੂਨ ਤੋਂ 24 ਜੂਨ ਤੱਕ ਤਿਆਰੀਆਂ, ਸਿਖਲਾਈ ਅਤੇ ਐਨੂਮਰੇਸ਼ਨ ਫਾਰਮਾਂ ਦੀ ਛਪਾਈ ਦਾ ਸਮਾਂ ਰਹੇਗਾ। 25 ਜੂਨ ਤੋਂ 24 ਜੁਲਾਈ ਤੱਕ ਬੂਥ ਲੈਵਲ ਅਫਸਰ (ਬੀ.ਐਲ.ਓ) ਘਰ-ਘਰ ਜਾ ਕੇ ਐਨੂਮਰੇਸ਼ਨ ਫਾਰਮਾਂ ਦੀ ਵੰਡ ਕਰਨਗੇ। ਐਨੂਮਰੇਸ਼ਨ ਫਾਰਮ ਵਿੱਚ ਵੋਟਰ ਦਾ ਸਾਰਾ ਵੇਰਵਾ ਹੋਵੇਗਾ ਅਤੇ ਬੀ.ਐਲ.ਓ ਤਿੰਨ ਵਾਰ ਵੋਟਰ ਦੇ ਘਰ ਦਾ ਦੌਰਾ ਕਰੇਗਾ।

ਉਹਨਾਂ ਕਿਹਾ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪ੍ਰਤੀ ਪੋਲਿੰਗ ਬੂਥ 1200 ਤੋਂ ਵੱਧ ਵੋਟਾਂ ਵਾਲੇ ਬੂਥਾਂ ਦੀ ਰੈਸਨਾਲਾਈਜੇਸ਼ਨ 24 ਜੁਲਾਈ ਨੂੰ ਕੀਤੀ ਜਾਵੇਗੀ। ਇਸ ਦੌਰਾਨ ਜੇਕਰ ਕਿਸੇ ਪੋਲਿੰਗ ਬੂਥ ਦੀ ਇਮਾਰਤ ਤਬਦੀਲ ਹੋਣ ਵਾਲੀ ਹੈ ਜਾਂ ਕਿਸੇ ਪੋਲਿੰਗ ਬੂਥ ਦੀ ਇਮਾਰਤ ਦਾ ਨਾਮ ਸਹੀ ਕਰਨ ਵਾਲਾ ਹੈ ਉਸ ਨੂੰ ਵੀ ਦਰੁਸਤ ਕੀਤਾ ਜਾਵੇਗਾ। 31 ਜੁਲਾਈ ਨੂੰ ਵੋਟਰ ਸੂਚੀ ਦੀ ਡਰਾਫਟ ਪਬਲੀਕੇਸ਼ਨ ਕੀਤੀ ਜਾਵੇਗੀ ਅਤੇ 31 ਜੁਲਾਈ ਤੋਂ 30 ਅਗਸਤ ਤੱਕ ਦਾਅਵੇ ਅਤੇ ਇਤਰਾਜ ਪ੍ਰਾਪਤ ਕੀਤੇ ਜਾਣਗੇ। ਪ੍ਰਾਪਤ ਹੋਏ ਦਾਅਵੇ ਅਤੇ ਇਤਰਾਜ਼ਾਂ ਦਾ ਨਿਪਟਾਰਾਂ 28 ਸਤੰਬਰ ਤੱਕ ਚੋਣਕਾਰ ਰਜਿਸਟਰੇਸ਼ਨ ਅਫਸਰਾਂ ਵੱਲੋਂ ਕੀਤਾ ਜਾਵੇਗਾ ਅਤੇ 1 ਅਕਤੂਬਰ, 2026 ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾਵੇਗੀ।

ਵਧੀਕ ਜਿਲਾ ਚੋਣ ਅਫਸਰ ਨੇ ਜ਼ਿਲ੍ਹਾ ਲੁਧਿਆਣਾ ਦੇ ਸਮੂਹ ਵਸਨੀਕਾਂ ਨੂੰ ਅਪੀਲ ਕੀਤੀ ਹੈ ਕਿ ਜਿਸ ਸਮੇਂ ਬੂਥ ਲੈਵਲ ਅਫਸਰ (ਬੀ.ਐਲ.ਓ) ਆਪ ਦੇ ਘਰ ਐਨੂਮਰੇਸ਼ਨ ਫਾਰਮ ਦੇਣ ਲਈ ਆਉਂਦੇ ਹਨ ਤਾਂ ਉਸ ਨੂੰ ਇਸ ਸਬੰਧੀ ਜੋ ਵੀ ਭਾਰਤ ਚੋਣ ਕਮਿਸ਼ਨ ਦੇ 12 ਦਸਤਾਵੇਜ਼ਾਂ ਵਿੱਚੋਂ ਜਿਹੜੇ ਦਸਤਾਵੇਜ ਲੋੜੀਂਦੇ ਹਨ ਉਹ ਮੁਹੱਈਆ ਕਰਵਾਏ ਜਾਣ ਅਤੇ ਬੀ.ਐਲ.ਓ ਦਾ ਇਸ ਮਹੱਤਵਪੂਰਨ ਕਾਰਜ ਵਿੱਚ ਸੰਪੂਰਨ ਸਹਿਯੋਗ ਕੀਤਾ ਜਾਵੇ।

ਉਹਨਾਂ ਦੱਸਿਆ ਕਿ ਵੋਟਰ ਆਪਣੀ ਵੋਟ ਦੇਖਣ ਲਈ ਵੈਬਸਾਈਟ www.eci.gov.in & www.ceopunjab.nic.in 'ਤੇ ਆਪਣੇ ਮੋਬਾਇਲ ਫੋਨ 'ਤੇ ECI Net App ਡਾਊਨਲੋਡ ਕਰਕੇ ਦੇਖ ਸਕਦੇ ਹਨ।

ਇਸ ਤੋਂ ਪਹਿਲਾਂ ਵਧੀਕ ਜ਼ਿਲ੍ਹਾ ਚੋਣ ਅਫਸਰ ਪੂਨਮ ਸਿੰਘ ਨੇ ਬੱਚਤ ਭਵਨ ਵਿਖੇ ਜ਼ਿਲ੍ਹਾ ਲੁਧਿਆਣਾ ਦੀਆਂ ਸਮੂਹ ਰਜਿਸਟਰਡ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਅਤੇ ਰਜਿਸਟਰਡ ਗੈਰ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਜਿੱਥੇ ਉਹਨਾਂ ਨੇ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਐਸ.ਆਈ.ਆਰ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਕਿਹਾ ਕਿ ਉਹ ਪਾਰਦਰਸ਼ਤਾ ਨੂੰ ਸੁਚਾਰੂ ਬਣਾਉਣ ਅਤੇ ਸੋਧ ਪ੍ਰਕਿਰਿਆ ਦੇ ਸੁਚਾਰੂ ਅਤੇ ਕੁਸ਼ਲ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਜਲਦ ਤੋਂ ਜਲਦ ਬੂਥ ਲੈਵਲ ਏਜੰਟ (ਬੀ.ਐਲ.ਏ) ਨਿਯੁਕਤ ਕਰਨ ਲਈ ਕਿਹਾ।

ਇਸ ਮੌਕੇ ਚੋਣ ਤਹਿਸੀਲਦਾਰ ਰਾਜਨ ਢੱਲ, ਚੋਣ ਕਾਨੂੰਗੋ ਅਸ਼ਵਨੀ ਕੁਮਾਰ ਅਤੇ ਜਗਤਾਰ ਸਿੰਘ ਵੀ ਮੌਜੂਦ ਸਨ।

## ਪੀ.ਏ.ਯੂ. ਦਾ ਸਵੀਮਿੰਗ ਪੂਲ ਆਮ ਲੋਕਾਂ ਲਈ ਖੁੱਲ੍ਹਿਆ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 18 ਮਈ : ਬੀਤੇ ਦਿਨੀਂ ਪੀ.ਏ.ਯੂ. ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਇਕ ਰਸਮੀ ਸਮਾਰੋਹ ਦੌਰਾਨ ਪੀ.ਏ.ਯੂ. ਦੇ ਸਵੀਮਿੰਗ ਪੂਲ ਨੂੰ ਗਰਮੀਆਂ ਦੇ ਮੌਜੂਦਾ ਸੀਜ਼ਨ ਲਈ ਖੋਲ੍ਹਣ ਦਾ ਐਲਾਨ ਕੀਤਾ| ਡਾ. ਗੋਸਲ ਨੇ ਇਸ ਦੌਰਾਨ ਕਿਹਾ ਕਿ ਸਵੀਮਿੰਗ ਪੂਲ ਨੂੰ ਵਿਦਿਆਰਥੀਆਂ ਅਤੇ ਹੋਰ ਲੋਕਾਂ ਲਈ ਖੋਲਿਆ ਜਾਣਾ ਫਿਟਨੈਸ ਅਤੇ ਸਿਹਤ ਸੰਬੰਧੀ ਜਾਗਰੂਕਤਾ ਦੇ ਨਜ਼ਰੀਏ ਤੋਂ ਅਹਿਮ ਪੜਾਅ ਹੁੰਦਾ ਹੈ| ਉਹਨਾਂ ਕਿਹਾ ਕਿ ਉਹ ਰਾਸ਼ਟਰੀ ਪੱਧਰ ਤੇ ਖਿਡਾਰੀਆਂ ਦੇ ਚੰਗੇ ਪ੍ਰਦਰਸ਼ਨ ਦੀ ਉਮੀਦ ਕਰਦੇ ਹਨ ਅਤੇ ਉਹਨਾਂ ਨੇ ਇਸਦਾ ਵੱਧ ਤੋਂ ਵੱਧ ਲਾਹਾ ਲੈਣ ਲਈ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ|



ਇਸ ਸਮਾਰੋਹ ਦੌਰਾਨ ਨਿਰਦੇਸ਼ਕ ਵਿਦਿਆਰਥੀ ਭਲਾਈ ਡਾ. ਕਮਲਜੀਤ ਸਿੰਘ ਸੂਰੀ ਨੇ ਆਸ ਪ੍ਰਗਟਾਈ ਕਿ ਗਰਮ ਰੁੱਤ ਵਿਚ ਵਿਦਿਆਰਥੀ ਆਪਣੀ ਫਿਟਨੈਸ ਲਈ ਇਸ ਸਵੀਮਿੰਗ ਪੂਲ ਦਾ ਲਾਭ ਉਠਾਉਣਗੇ| ਉਹਨਾਂ ਨੇ ਯੂਨੀਵਰਸਿਟੀ ਦੇ ਬੁਨਿਆਦੀ ਢਾਂਚੇ ਨੂੰ ਵਿਦਿਆਰਥੀਆਂ ਦੀ ਭਲਾਈ ਲਈ ਇਸਤੇਮਾਲ ਕੀਤੇ ਜਾਣ ਦੇ ਤਹੱਈਏ ਨੂੰ ਦੁਹਰਾਇਆ|

ਪੀ.ਏ.ਯੂ. ਦੇ ਤੈਰਾਕੀ ਕੋਚ ਸ਼੍ਰੀ ਅਜੇ ਸ਼ਰਮਾ ਨੇ ਦੱਸਿਆ ਕਿ ਇਹ ਸਵੀਮਿੰਗ ਪੂਲ ਪੀ.ਏ.ਯੂ. ਤੋਂ ਇਲਾਵਾ ਲੁਧਿਆਣਾ ਦੇ ਆਮ ਲੋਕਾਂ ਲਈ ਵੀ ਸੇਵਾਵਾਂ ਮੁਹੱਈਆ ਕਰਵਾਏਗਾ| ਉਹਨਾਂ ਇਹ ਵੀ ਕਿਹਾ ਕਿ ਇਸ ਪੂਲ ਵਿਚ ਓਲੰਪਿਕ ਪੱਧਰ ਦੇ ਮਿਆਰ ਨਿਰਧਾਰਤ ਕੀਤੇ ਗਏ ਹਨ ਜਿਸ ਨਾਲ ਤੈਰਾਕੀ ਦੀ ਸਿਖਲਾਈ ਲੈਣ ਵਾਲਿਆਂ ਨੂੰ ਸੁਵਿਧਾ ਹੋ ਸਕੇ| ਇਸ ਮੌਕੇ ਡਾ. ਰੁਪਿੰਦਰ ਕੌਰ, ਡਾ. ਹਰਮੀਤ ਸਿੰਘ ਕਿੰਗਰਾ, ਡਾ ਸੁਖਬੀਰ ਸਿੰਘ, ਡਾ. ਪਰਮਵੀਰ ਸਿੰਘ, ਡਾ. ਧਰਮਿੰਦਰ ਸਿੰਘ ਅਤੇ ਡਾ. ਗਗਨਦੀਪ ਕੌਰ ਮੌਜੂਦ ਸਨ|